ਟੋਡੀ ਮਹਲਾ ੫ ਘਰੁ ੧ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਸੰਤਨ ਅਵਰ ਨ ਕਾਹੂ ਜਾਨੀ ॥ ਬੇਪਰਵਾਹ ਸਦਾ ਰੰਗਿ ਹਰਿ ਕੈ ਜਾ ਕੋ ਪਾਖੁ ਸੁਆਮੀ ॥ ਰਹਾਉ ॥ ਊਚ ਸਮਾਨਾ ਠਾਕੁਰ ਤੇਰੋ ਅਵਰ ਨ ਕਾਹੂ ਤਾਨੀ ॥ ਐਸੋ ਅਮਰੁ ਮਿਲਿਓ ਭਗਤਨ ਕਉ ਰਾਚਿ ਰਹੇ ਰੰਗਿ ਗਿਆਨੀ ॥੧॥ ਰੋਗ ਸੋਗ ਦੁਖ ਜਰਾ ਮਰਾ ਹਰਿ ਜਨਹਿ ਨਹੀ ਨਿਕਟਾਨੀ ॥ ਨਿਰਭਉ ਹੋਇ ਰਹੇ ਲਿਵ ਏਕੈ ਨਾਨਕ ਹਰਿ ਮਨੁ ਮਾਨੀ ॥੨॥੧॥ {ਪੰਨਾ 711}

ਪਦਅਰਥ:- ਅਵਰ ਕਾਹੂ—ਕਿਸੇ ਹੋਰ ਦੀ (ਮੁਥਾਜੀ)। ਹਰਿ ਕੈ ਰੰਗਿ—ਪਰਮਾਤਮਾ ਦੇ ਪਿਆਰ ਵਿਚ। ਜਾ ਕੋ—ਜਿਨ੍ਹਾਂ ਦਾ। ਪਾਖੁ—ਪੱਖ, ਮਦਦ। ਰਹਾਉ।

ਸਮਾਨਾ—ਸ਼ਾਮਿਆਨਾ, ਸ਼ਾਹੀ ਠਾਠ। ਠਾਕੁਰ—ਹੇ ਠਾਕੁਰ! ਨ ਤਾਨੀ—ਨਹੀਂ ਤਾਣਿਆ ਹੋਇਆ। ਅਮਰੁ—ਅਟੱਲ ਪਰਮਾਤਮਾ। ਕਉ—ਨੂੰ। ਰਾਚਿ ਰਹੇ—ਮਸਤ ਰਹਿੰਦੇ ਹਨ। ਰੰਗਿ—ਪ੍ਰੇਮ ਵਿਚ। ਗਿਆਨੀ—ਆਤਮਕ ਜੀਵਨ ਦੀ ਸੂਝ ਵਾਲੇ।1।

ਸੋਗ—ਚਿੰਤਾ। ਜਰਾ—ਬੁਢੇਪਾ, ਬੁਢੇਪੇ ਦਾ ਡਰ। ਮਰਾ—ਮੌਤ, ਮੌਤ ਦਾ ਡਰ। ਨਿਕਟਾਨੀ—ਨੇੜੇ। ਲਿਵ ਏਕੈ—ਇਕ ਵਿਚ ਹੀ ਸੁਰਤਿ ਜੋੜ ਕੇ। ਮਾਨੀ—ਮੰਨਿਆ ਰਹਿੰਦਾ ਹੈ, ਪਤੀਜ ਜਾਂਦਾ ਹੈ।2।

ਅਰਥ:- ਹੇ ਭਾਈ! ਜਿਨ੍ਹਾਂ ਦੀ ਮਦਦ ਪਰਮਾਤਮਾ ਕਰਦਾ ਹੈ ਉਹ ਸੰਤ ਜਨ ਕਿਸੇ ਹੋਰ ਦੀ (ਮੁਥਾਜੀ ਕਰਨੀ) ਨਹੀਂ ਜਾਣਦੇ। ਉਹ ਪਰਮਾਤਮਾ ਦੇ ਪਿਆਰ ਵਿਚ (ਟਿਕ ਕੇ) ਸਦਾ ਬੇ-ਪਰਵਾਹ ਰਹਿੰਦੇ ਹਨ। ਰਹਾਉ।

(ਹੇ ਭਾਈ! ਉਹ ਸੰਤ ਜਨ ਇਉਂ ਆਖਦੇ ਰਹਿੰਦੇ ਹਨ—) ਹੇ ਮਾਲਕ-ਪ੍ਰਭੂ! ਤੇਰਾ ਸ਼ਾਮਿਆਨਾ (ਸਭ ਸ਼ਾਹਾਂ ਪਾਤਿਸ਼ਾਹਾਂ ਦੇ ਸ਼ਾਮਿਆਨਿਆਂ ਨਾਲੋਂ) ਉੱਚਾ ਹੈ, ਕਿਸੇ ਹੋਰ ਨੇ (ਇਤਨਾ ਉੱਚਾ ਸ਼ਾਮਿਆਨਾ ਕਦੇ) ਨਹੀਂ ਤਾਣਿਆ। ਹੇ ਭਾਈ! ਸੰਤ ਜਨਾਂ ਨੂੰ ਇਹੋ ਜਿਹਾ ਸਦਾ ਕਾਇਮ ਰਹਿਣ ਵਾਲਾ ਹਰੀ ਮਿਲਿਆ ਰਹਿੰਦਾ ਹੈ, ਆਤਮਕ ਜੀਵਨ ਦੀ ਸੂਝ ਵਾਲੇ ਉਹ ਸੰਤ ਜਨ (ਸਦਾ) ਪਰਮਾਤਮਾ ਦੇ ਪ੍ਰੇਮ ਵਿਚ ਹੀ ਮਸਤ ਰਹਿੰਦੇ ਹਨ।1।

ਹੇ ਨਾਨਕ! ਰੋਗ, ਚਿੰਤਾ-ਫ਼ਿਕਰ, ਬੁਢੇਪਾ, ਮੌਤ (—ਇਹਨਾਂ ਦੇ ਸਹਿਮ) ਪਰਮਾਤਮਾ ਦੇ ਸੇਵਕਾਂ ਦੇ ਨੇੜੇ ਭੀ ਨਹੀਂ ਢੁਕਦੇ। ਉਹ ਇਕ ਪਰਮਾਤਮਾ ਵਿਚ ਹੀ ਸੁਰਤਿ ਜੋੜ ਕੇ (ਦੁਨੀਆ ਦੇ ਡਰਾਂ ਵਲੋਂ) ਨਿਡਰ ਰਹਿੰਦੇ ਹਨ ਉਹਨਾਂ ਦਾ ਮਨ ਪ੍ਰਭੂ ਦੀ ਯਾਦ ਵਿਚ ਹੀ ਪਤੀਜਿਆ ਰਹਿੰਦਾ ਹੈ।2।1।